# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 05-04-2025**

- ਭਾਰਤ ਅਤੇ ਸ਼੍ਰੀਲੰਕਾ ਨੇ ਰਣਨੀਤਕ ਅਤੇ ਵਿਕਾਸਸ਼ੀਲ ਭਾਈਵਾਲੀ ਨੂੰ ਉਤਸ਼ਾਹਿਤ  ਕਰਨ ਲਈ ਰੱਖਿਆ,ਊਰਜਾ ਅਤੇ ਵਪਾਰ ਖੇਤਰਾਂ ਵਿੱਚ ਸਮਝੌਤਿਆਂ 'ਤੇ ਕੀਤੇ ਦਸਤਖਤ ।
- ਸ਼੍ਰੀਲੰਕਾ ਦੇ ਰਾਸ਼ਟਰਪਤੀ ਦੁਆਰਾ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਾ 'ਮਿਤਰ - ਵਿਭੂਸ਼ਣ ਪੁਰਸਕਾਰ' ਨਾਲ ਸਨਮਾਨ ।
- ਪੰਜਾਬ ਸਰਕਾਰ ਸੂਬਾ ਵਾਸੀਆਂ ਨੂੰ ਆਨਲਾਈਨ ਸੇਵਾਵਾਂ ਦੇਣ ਲਈ ਵਚਨਵੱਧ ।
- ਯੂ ਜੀ ਸੀ ਵਲੋਂ ਵਿਦੇਸ਼ਾਂ ਤੋਂ ਪੜ੍ਹਾਈ ਕਰਕੇ ਆਏ ਵਿਦਿਅਰਥੀਆਂ ਲਈ ਇੱਕ ਵਿਸ਼ੇਸ਼ ਮਾਨਤਾ  ਵਿਧੀ ਕੀਤੀ  ਵਿਕਸਤ ।
- ਉਘੇ ਫਿਲਮ ਅਦਾਕਾਰ ਅਤੇ ਨਿਰਦੇਸ਼ਕ ਮਨੋਜ ਕੁਮਾਰ ਦਾ ਅੱਜ ਮੁੰਬਈ ਵਿਚ ਸਰਕਾਰੀ ਸਨਮਾਨਾਂ ਨਾਲ ਹੋਇਆ ਅੰਤਿਮ ਸੰਸਕਾ।

-----------------------------------------------------

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਕੋਲੰਬੋ ਵਿੱਚ ਸ਼੍ਰੀਲੰਕਾ ਦੇ ਰਾਸ਼ਟਰਪਤੀ ਅਨੁਰਾ ਕੁਮਾਰਾ ਦਿਸਾਨਾਯਕੇ ਨਾਲ ਦੁਵੱਲੀ ਗੱਲਬਾਤ ਕੀਤੀ, ਜਿਸਦਾ ਉਦੇਸ਼ ਦੋਵਾਂ ਗੁਆਂਢੀ ਦੇਸ਼ਾਂ ਵਿਚਕਾਰ ਰਣਨੀਤਕ ਅਤੇ ਵਿਕਾਸ ਭਾਈਵਾਲੀ ਨੂੰ ਮਜ਼ਬੂਤ ਕਰਨਾ ਸੀ। ਦੋਵਾਂ ਨੇਤਾਵਾਂ ਦੀ ਮੌਜੂਦਗੀ ਵਿੱਚ ਰੱਖਿਆ, ਊਰਜਾ ਅਤੇ ਵਪਾਰ ਸਮੇਤ ਵੱਖਵੱਖ ਖੇਤਰਾਂ ਵਿੱਚ ਕਈ ਸਮਝੌਤਿਆਂ 'ਤੇ ਦਸਤਖਤ ਕੀਤੇ ਗਏ। ਸਾਂਝੀ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਪ੍ਰਧਾਨ ਮੰਤਰੀ ਮੋਦੀ ਨੇ ਇਸ ਗੱਲ ਦਾ ਜ਼ਿਕਰ ਕੀਤਾ ਕਿ ਰਾਸ਼ਟਰਪਤੀ ਦਿਸਾਨਾਯਕੇ ਨੇ ਆਪਣੀ ਪਹਿਲੀ ਵਿਦੇਸ਼ ਯਾਤਰਾ ਲਈ ਭਾਰਤ ਨੂੰ ਚੁਣਿਆ ਸੀ .। ਉਹਨਾਂ ਇਸਨੂੰ ਦੋਵਾਂ ਦੇਸ਼ਾਂ ਵਿਚਕਾਰ ਡੂੰਘੇ ਅਤੇ ਵਿਸ਼ੇਸ਼ ਸਬੰਧਾਂ ਦਾ ਪ੍ਰਤੀਬਿੰਬ ਦੱਸਿਆ।

BYTE

ਦੋਵਾਂ ਆਗੂਆਂ ਨੇ ਲੰਬੇ ਸਮੇਂ ਤੋਂ ਚੱਲ ਰਹੇ ਮਛੇਰਿਆਂ ਦੇ ਮੁੱਦੇ 'ਤੇ ਵੀ ਚਰਚਾ ਕੀਤੀ ਅਤੇ ਮਾਨਵਤਾਵਾਦੀ ਪਹੁੰਚ ਅਪਣਾਉਣ 'ਤੇ ਸਹਿਮਤੀ ਪ੍ਰਗਟਾਈ। ਸ਼੍ਰੀ ਮੋਦੀ ਨੇ ਹਿਰਾਸਤ ਵਿੱਚ ਲਏ ਗਏ ਮਛੇਰਿਆਂ ਦੀ ਜਲਦੀ

ਰਿਹਾਈ ਅਤੇ ਉਨ੍ਹਾਂ ਦੀਆਂ ਕਿਸ਼ਤੀਆਂ ਵਾਪਸ ਕਰਨ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਪ੍ਰਧਾਨ ਮੰਤਰੀ ਨੇ ਕਿਹਾ, ਪਿਛਲੇ ਛੇ ਮਹੀਨਿਆਂ ਵਿੱਚ, ਭਾਰਤ ਨੇ ਸ਼੍ਰੀਲੰਕਾ ਲਈ 100 ਮਿਲੀਅਨ ਅਮਰੀਕੀ ਡਾਲਰ ਤੋਂ ਵੱਧ ਦੇ ਕਰਜ਼ਿਆਂ ਨੂੰ ਗ੍ਰਾਂਟਾਂ ਵਿੱਚ ਬਦਲ ਦਿੱਤਾ ਏ। ਸ਼੍ਰੀਲੰਕਾ ਦੇ ਰਾਸ਼ਟਰਪਤੀ ਅਨੁਰਾ ਕੁਮਾਰਾ ਦਿਸਾਨਾਯਕੇ ਨੇ ਪ੍ਰਧਾਨ ਮੰਤਰੀ ਮੋਦੀ ਦੇ " ਸਭ ਕਾ ਸਾਥ,ਸਭ ਕਾ ਵਿਕਾਸ" ਦੇ ਦ੍ਰਿਸ਼ਟੀਕੋਣ ਦੀ ਪ੍ਰਸ਼ੰਸਾ ਕੀਤੀ ਅਤੇ ਇਸਨੂੰ ਸਮੇਂ ਅਨੁਸਾਰ ਢੁਕਵਾਂ ਦੱਸਿਆ।ਇਸ ਮੌਕੇ ਸ਼੍ਰੀਲੰਕਾ ਦੇ ਰਾਸ਼ਟਰਪਤੀ ਅਨੁਰਾ ਕੁਮਾਰਾ ਦਿਸਾਨਾਯਕੇ ਦੁਆਰਾ ਧਾਨ ਮੰਤਰੀ ਨਰੇਂਦਰ ਮੋਦੀ ਨੂੰ' ਮਿਤਰ ਵਿਭੂਸ਼ਣ ਪੁਰਸਕਾਰ' ਨਾਲ ਸਨਮਾਨਿਤ ਕੀਤਾ ਗਿਆ । ਸ੍ਰੀ ਲੰਕਾ ਦੁਆਰਾ ਇਹ ਕਿਸੇ ਹੋਰ ਰਾਸ਼ਟਰ ਦੇ ਮੁਖੀ ਨੂੰ ਦਿੱਤਾ ਜਾਨ ਵਾਲਾ ਇਹ ਸਭ ਤੋਂ ਵੱਡਾ ਸਨਮਾਨ ਏ।. ਸਨਮਾਨਿਤ ਹੋਣ ਉਪਰੰਤ ਸ਼੍ਰੀ ਮੋਦੀ ਨੇ ਕਿਹਾ ਕਿ ਇਹ 140 ਕਰੋੜ ਭਾਰਤੀਆਂ ਲਈ ਸਨਮਾਨ ਏ ਅਤੇ ਇਹ ਦੋਵਾਂ ਦੇਸ਼ਾਂ ਦੇ ਲੋਕਾਂ ਵਿਚਕਾਰ ਇਤਿਹਾਸਕ ਸਬੰਧਾਂ ਅਤੇ ਡੂੰਘੀ ਦੋਸਤੀ ਨੂੰ ਦਰਸਾਉਂਦਾ ਏ। ਸ਼੍ਰੀ ਮੋਦੀ ਨੇ ਸ਼੍ਰੀਲੰਕਾ ਦੇ ਰਾਸ਼ਟਰਪਤੀ, ਸ਼੍ਰੀਲੰਕਾ ਸਰਕਾਰ ਅਤੇ ਸ਼੍ਰੀਲੰਕਾ ਦੇ ਲੋਕਾਂ ਦਾ ਧੰਨਵਾਦ ਕੀਤਾ।

-----------------------------------------------------------------

ਪੰਜਾਬ ਦੇ ਸੁਚੱਜਾ ਪ੍ਰਸ਼ਾਸਨ ਤੇ ਸੂਚਨਾ ਤਕਨੀਕ ਮੰਤਰੀ ਸ੍ਰੀ ਅਮਨ ਅਰੋੜਾ ਨੇ ਵਿਭਾਗ ਦੇ ਅਧਿਕਾਰੀਆਂ ਨੂੰ ਅਪ੍ਰੈਲ ਦੇ ਆਖ਼ੀਰ ਤੱਕ ਸਾਰੇ ਸਰਪੰਚਾਂ, ਨੰਬਰਦਾਰਾਂ ਤੇ ਨਗਰ ਕੌਂਸਲਰਾਂ ਦੀਆਂ ਆਨਲਾਈਨ ਲਾਗ-ਇਨ ਆਈ.ਡੀਜ਼. ਦਾ ਕੰਮ ਮੁਕੰਮਲ ਕਰਨ ਦੇ ਆਦੇਸ਼ ਦਿੱਤੇ ਨੇ  ਤਾਂ ਜੋ ਸੂਬੇ ਦੇ ਨਾਗਰਿਕਾਂ ਨੂੰ ਪਾਰਦਰਸ਼ੀ ਢੰਗ ਨਾਲ ਸੇਵਾਵਾਂ ਪ੍ਰਦਾਨ ਕਰਨ ਸਬੰਧੀ ਪ੍ਰਕਿਰਿਆ ਨੂੰ ਹੋਰ ਸੁਚਾਰੂ ਬਣਾਇਆ ਜਾ ਸਕੇ। ਪੰਜਾਬ ਸਟੇਟ ਈ-ਗਵਰਨੈਂਸ ਸੋਸਾਇਟੀ ਦੇ ਬੋਰਡ ਆਫ਼ ਗਵਰਨਰਜ਼ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਸ੍ਰੀ ਅਮਨ ਅਰੋੜਾ ਨੇ ਦੱਸਿਆ ਕਿ ਨਾਗਰਿਕਾਂ ਨੂੰ ਆਨਲਾਈਨ ਸੇਵਾਵਾਂ ਮੁਹੱਈਆ ਕਰਵਾਉਣ ਵਾਸਤੇ ਕੁੱਲ 43,321 ਸਰਪੰਚਾਂ, ਨੰਬਰਦਾਰਾਂ ਅਤੇ ਐਮ.ਸੀਜ਼. ਦੀਆਂ ਆਨਲਾਈਨ ਆਈ.ਡੀਜ਼. ਬਣਾਈਆਂ ਜਾ ਚੁੱਕੀਆਂ ਨੇ  ਤਾਂ ਜੋ ਉਹ ਅਰਜ਼ੀਆਂ ਅਤੇ ਸਰਟੀਫਿਕੇਟਾਂ ਦੀ ਆਨਲਾਈਨ ਤਸਦੀਕ ਕਰ ਸਕਣ। ਇਹ ਸਿਸਟਮ ਲਾਗੂ ਹੋਣ ਨਾਲ ਲੋਕਾਂ ਨੂੰ ਆਪਣੇ ਕੰਮ ਕਰਵਾਉਣ ਲਈ ਇਨ੍ਹਾਂ ਸਥਾਨਕ ਨੁਮਾਇੰਦਿਆਂ ਕੋਲ ਵਾਰ ਵਾਰ ਗੇੜੇ ਲਗਾਉਣ ਤੋਂ ਛੁਟਕਾਰਾ ਮਿਲੇਗਾ।

ਇਸ ਮੌਕੇ ਮੰਤਰੀ  ਨੇ ਦੱਸਿਆ ਕਿ ਨਾਗਰਿਕ ਕੇਂਦਰਿਤ ਸੇਵਾਵਾਂ ਨੂੰ ਸਾਰੇ ਨਾਗਰਿਕਾਂ ਲਈ ਵਧੇਰੇ ਪਹੁੰਚਯੋਗ ਬਣਾਉਂਦਿਆਂ ਸੂਬਾ ਸਰਕਾਰ ਨੇ ਡੋਰ-ਸਟੈਪ ਡਿਲੀਵਰੀ ਫੀਸ 120 ਰੁਪਏ ਤੋਂ ਘਟਾ ਕੇ 50 ਰੁਪਏ ਕਰ ਦਿੱਤੀ ਏ । ਉਹਨਾਂ ਦੱਸਿਆ ਕਿ  ਸੂਬੇ ਦੇ ਵਸਨੀਕ ਹੈਲਪਲਾਈਨ ਨੰਬਰ-1076 'ਤੇ ਕਾਲ ਕਰਕੇ ਘਰ ਬੈਠੇ 406 ਸੇਵਾਵਾਂ ਦਾ ਲਾਹਾ ਲੈ ਸਕਦੇ ਨੇ ।

---------------------------------------------------------------

ਭਾਰਤੀ ਰੇਲਵੇ ਨੇ "ਸਵਾਰੇਲ" ਨਾਂ ਦੀ ਸੁਪਰ ਐਪ ਲਾਂਚ ਕੀਤੀ ਏ,  ਜੋ ਰੇਲ ਯਾਤਰੀਆਂ ਦੀ ਯਾਤਰਾ ਨੂੰ ਸੁਚਾਰੂ ਅਤੇ ਆਰਾਮਦਾਇਕ ਬਣਾਉਣ ਲਈ ਵੱਖ-ਵੱਖ ਰੇਲ ਸੇਵਾਵਾਂ ਨੂੰ ਇੱਕ ਪਲੇਟਫਾਰਮ ਨਾਲ ਜੋੜਦੀ ਏ । ਇਸ ਐਪ ਰਾਹੀਂ, ਰੇਲਵੇ ਯਾਤਰੀ ਵੱਖ-ਵੱਖ ਰੇਲ ਸੇਵਾਵਾਂ ਜਿਵੇਂ ਕਿ, ਅਣਰਾਖਵੀਆਂ ਟਿਕਟਾਂ, ਰਾਖਵੀਆਂ ਟਿਕਟਾਂ ਅਤੇ ਪਲੇਟਫਾਰਮ ਟਿਕਟਾਂ ਬੁੱਕ ਕਰਨਾ, ਰੇਲਗੱਡੀ ਦੀ ਜਾਣਕਾਰੀ, ਖਾਣਾ ਆਰਡਰ ਕਰਨਾ ਅਤੇ ਯਾਤਰਾ ਦੌਰਾਨ ਕਿਸੇ ਵੀ ਸਮੱਸਿਆ ਦੀ ਸਥਿਤੀ ਵਿੱਚ ਸ਼ਿਕਾਇਤਾਂ ਦਰਜ ਕਰਵਾ ਸਕਦੇ ਨੇ । ਯਾਤਰਾ ਨਾਲ ਸਬੰਧਤ ਸਾਰੀਆਂ

ਸਮੱਸਿਆਵਾਂ ਇਸ ਐਪ ਦੁਆਰਾ ਹੱਲ ਕੀਤੀਆਂ ਜਾ ਸਕਦੀਆਂ ਨੇ। ਇਹ ਐਪ ਰੇਲ ਉਪਭੋਗਤਾਵਾਂ ਦੁਆਰਾ ਵਰਤੋਂ ਲਈ , ਭਾਰਤੀ ਰੇਲਵੇ ਦੁਆਰਾ ਗੂਗਲ ਪਲੇ  ਸਟੋਰ ਅਤੇ ਐਪਲ ਐਪ ਸਟੋਰ 'ਤੇ ਉਪਲਬਧ ਕਾਰਵਾਈ ਗਈ  ਏ।

-------------------------------------------------------

ਦੇਸ਼ ਭਰ ਵਿੱਚ ਅੱਜ ਪਵਿੱਤਰ ਦੁਰਗਾ ਅਸ਼ਟਮੀ ਮਨਾਈ ਜਾ ਰਹੀ ਏ। ਚੇਤ ਦੇ ਨਰਾਤਿਆਂ ਦਾ ਅੱਜ ਆਖ਼ਰੀ ਦਿਨ ਏ। ਅਸ਼ਟਮੀ ਮੌਕੇ ਲੋਕਾਂ ਵੱਲੋਂ ਆਪਣੇ ਆਪਣੇ ਘਰਾਂ ਵਿੱਚ ਕੰਜਕਾਂ ਬਿਠਾਈਆਂ ਗਈਆਂ ਅਤੇ ਉਹਨਾਂ ਦਾ ਪੂਜਨ ਕੀਤਾ ਗਿਆ। ਅਸ਼ਟਮੀ ਮੌਕੇ ਵੈਸ਼ਨੋ ਦੇਵੀ ਧਾਮ ਤੇ ਵੀ ਅਸ਼ਟਮੀ ਦਾ ਤਿਉਹਾਰ ਪੂਰੀ ਧਾਰਮਿਕ ਅਤੇ ਆਸਥਾ ਨਾਲ ਮਨਾਇਆ ਜਾ ਰਿਹਾ ਏ।  ਉਧਰ ਕੱਲ ਰਾਮ ਨੌਮੀ ਦੇ ਸੰਬੰਧ ਵਿਚ ਜਲੰਧਰ, ਬਟਾਲਾ ਅਤੇ ਕੁਝ ਹੋਰ ਥਾਵਾਂ ਤੇ ਵੀ ਸ਼ੋਭਾ ਯਾਤਰਾ ਵੀ ਸਜਾਈ ਗਈ।

-------------------------------------------------------

ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ (ਯੂਜੀਸੀ) ਨੇ ਉਨ੍ਹਾਂ ਵਿਦਿਆਰਥੀਆਂ

ਲਈ ਇੱਕ ਮਿਆਰੀ ਸਮਾਨਤਾ ਢਾਂਚਾ ਸਥਾਪਤ ਕਰਨ ਦਾ ਫੈਸਲਾ ਕੀਤਾ ਏ , ਜਿਨ੍ਹਾਂ ਨੇ ਵਿਦੇਸ਼ਾਂ ਵਿੱਚ ਆਪਣੀ ਸਿੱਖਿਆ ਪੂਰੀ ਕੀਤੀ ਏ ਅਤੇ ਭਾਰਤ ਦੀ ਉੱਚ ਸਿੱਖਿਆ ਪ੍ਰਣਾਲੀ ਜਾਂ ਕਾਰਜਬਲ ਵਿੱਚ ਏਕੀਕ੍ਰਿਤ ਹੋਣਾ ਚਾਹੁੰਦੇ ਨੇ। ਯੂਜੀਸੀ ਨੇ ਆਪਣੇ ਨੋਟੀਫਿਕੇਸ਼ਨ ਵਿੱਚ ਕਿਹਾ ਏ ਕਿ ਕਮਿਸ਼ਨ ਨੇ ਸਕੂਲਾਂ ਅਤੇ ਉੱਚ ਸਿੱਖਿਆ ਸੰਸਥਾਵਾਂ ਤੋਂ ਵਿਦੇਸ਼ੀ ਯੋਗਤਾਵਾਂ ਨੂੰ ਮਾਨਤਾ ਦੇਣ ਲਈ ਇੱਕ ਪਾਰਦਰਸ਼ੀ, ਤਕਨਾਲੋਜੀ-ਅਧਾਰਤ ਵਿਧੀ ਵਿਕਸਤ ਕੀਤੀ ਏ। ਯੂਜੀਸੀ ਦੇ ਚੇਅਰਮੈਨ, ਮਮੀਦਾਲਾ ਜਗਦੇਸ਼ ਕੁਮਾਰ ਨੇ ਦੱਸਿਆ ਕਿ ਇਹ ਕਦਮ ਰਾਸ਼ਟਰੀ ਸਿੱਖਿਆ ਨੀਤੀ - 2020 ਦੇ ਭਾਰਤ ਨੂੰ ਇੱਕ ਵਿਸ਼ਵਵਿਆਪੀ ਅਧਿਐਨ ਸਥਾਨ ਵਿੱਚ ਬਦਲਣ ਦੇ ਦ੍ਰਿਸ਼ਟੀਕੋਣ ਨੂੰ ਦੇਖਦੇ ਹੋਏ ਮਹੱਤਵਪੂਰਨ ਏ। ਉਨ੍ਹਾਂ ਕਿਹਾ ਕਿ ਜੇਕਰ ਭਾਰਤੀ ਸੰਸਥਾਵਾਂ ਅੰਤਰਰਾਸ਼ਟਰੀ ਵਿਦਿਆਰਥੀਆਂ ਨੂੰ ਆਕਰਸ਼ਿਤ ਕਰਨਾ ਚਾਹੁੰਦੀਆਂ ਨੇ , ਤਾਂ ਭਾਰਤ ਨੂੰ ਵਿਦੇਸ਼ਾਂ ਵਿੱਚ ਪ੍ਰਾਪਤ ਡਿਗਰੀਆਂ ਦੀ ਨਿਰਪੱਖ ਮਾਨਤਾ ਯਕੀਨੀ ਬਣਾਉਣੀ ਚਾਹੀਦੀ ਏ। ਯੂ.ਜੀ.ਸੀ. ਦੇ ਚੇਅਰਮੈਨ ਨੇ ਕਿਹਾ ਕਿ ਇੱਕ ਲੰਬੇ ਸਮੇਂ ਤੋਂ ਚੱਲ ਰਹੇ ਮੁੱਦੇ ਨੂੰ ਸੁਲਝਾ ਕੇ , ਯੂਜੀਸੀ ਨੇ ਭਾਰਤ ਦੀ

ਉੱਚ ਸਿੱਖਿਆ ਪ੍ਰਣਾਲੀ ਨੂੰ ਵਧੇਰੇ ਸਮਾਵੇਸ਼ੀ, ਪ੍ਰਤੀਯੋਗੀ ਅਤੇ ਭਵਿੱਖ ਲਈ ਤਿਆਰ ਬਣਾਉਣ ਵੱਲ ਇੱਕ ਫੈਸਲਾਕੁੰਨ ਕਦਮ ਚੁੱਕਿਆ ਏ।

------------------------------------------------------------

ਘੱਟ ਗਿਣਤੀ ਮਾਮਲਿਆਂ ਬਾਰੇ ਮੰਤਰਾਲੇ ਨੇ ਅੱਜ ਵਕਫ਼ (ਤਰ੍ਮੀਮੀ) ਬਿੱਲ, 2025 ਨਾਲ ਸਬੰਧਤ ਮਿੱਥਾਂ ਦਾ ਖੰਡਨ ਕਰਦਿਆਂ ਕਿਹਾ ਏ ਕਿ ਵਕਫ਼ ਕਾਨੂੰਨ, 1995 ਦੇ ਸ਼ੁਰੂ ਹੋਣ ਤੋਂ ਪਹਿਲਾਂ ਅਤੇ ਵਕਫ਼ ਕਾਨੂੰਨ, 1995 ਤਹਿਤ ਵਕਫ਼ ਵਜੋਂ ਰਜਿਸਟਰਡ ਕੋਈ ਵੀ ਜਾਇਦਾਦ ਰੱਦ ਨਹੀਂ ਕੀਤੀ ਜਾਵੇਗੀ। ਇਸ ਵਿੱਚ ਕਿਹਾ ਗਿਆ ਏ ਕਿ ਇੱਕ ਵਾਰ ਜਦੋਂ ਕੋਈ ਜਾਇਦਾਦ ਵਕਫ਼ ਐਲਾਨ ਦਿੱਤੀ ਜਾਂਦੀ ਏ, ਤਾਂ ਇਹ ਸਥਾਈ ਤੌਰ 'ਤੇ ਇਸੇ ਤਰ੍ਹਾਂ ਰਹਿੰਦੀ ਏ । ਬਿੱਲ ਸਿਰਫ਼ ਬਿਹਤਰ ਪ੍ਰਬੰਧ ਅਤੇ ਪਾਰਦਰਸ਼ਤਾ ਲਈ ਨੇਮਾਂ ਨੂੰ ਸਪੱਸ਼ਟ ਕਰਦਾ ਏ। ਮੰਤਰਾਲੇ ਨੇ ਇਹ ਵੀ ਸਪੱਸ਼ਟ ਕੀਤਾ ਕਿ ਵਕਫ਼ ਬੋਰਡਾਂ ਵਿੱਚ ਗੈਰ-ਮੁਸਲਮਾਨ ਸ਼ਾਮਲ ਹੋਣਗੇ, ਪਰ ਉਹ ਬਹੁਮਤ ਨਹੀਂ ਬਣਾਉਣਗੇ। ਇਸ ਨੇ ਇਹ ਵੀ ਜ਼ੋਰ ਦਿੱਤਾ ਕਿ ਕੋਈ ਵੀ ਨਿੱਜੀ ਜ਼ਮੀਨ ਹਾਸਲ ਨਹੀਂ ਕੀਤੀ ਜਾਵੇਗੀ ਅਤੇ ਇਹ ਬਿੱਲ ਸਿਰਫ਼ ਉਨ੍ਹਾਂ ਜਾਇਦਾਦਾਂ 'ਤੇ ਲਾਗੂ ਹੁੰਦਾ ਏ ਜਿਨ੍ਹਾਂ ਨੂੰ ਵਕਫ਼

ਐਲਾਨਿਆ ਗਿਆ ਏ. ਸਿਰਫ਼ ਸਵੈ-ਇੱਛਾ ਨਾਲ ਅਤੇ ਕਾਨੂੰਨੀ ਤੌਰ 'ਤੇ ਵਕਫ਼ ਵਜੋਂ ਸਮਰਪਿਤ ਜਾਇਦਾਦਾਂ ਹੀ ਨਵੇਂ ਨੇਮਾਂ ਦੇ ਘੇਰੇ ਵਿੱਚ ਆਉਂਦੀਆਂ ਨੇ.।

---------------------------------------------------------

ਪ੍ਰਸਿੱਧ ਫਿਲਮ ਅਦਾਕਾਰ ਅਤੇ ਨਿਰਦੇਸ਼ਕ ਮਨੋਜ ਕੁਮਾਰ ਦਾ ਅੱਜ ਮੁੰਬਈ ਦੇ ਪਵਨ ਹੰਸ ਸ਼ਮਸ਼ਾਨਘਾਟ ਵਿਖੇ ਪੂਰੇ ਸਰਕਾਰੀ ਸਨਮਾਨਾਂ ਨਾਲ ਅੰਤਿਮ ਸੰਸਕਾਰ ਕੀਤਾ ਗਿਆ। ਲੰਬੀ ਬਿਮਾਰੀ ਤੋਂ ਬਾਅਦ ਕੱਲ੍ਹ ਮੁੰਬਈ ਦੇ ਇੱਕ ਨਿੱਜੀ ਹਸਪਤਾਲ ਵਿੱਚ ਉਨ੍ਹਾਂ ਦਾ ਦੇਹਾਂਤ ਹੋ ਗਿਆ ਸੀ । ਅਮਿਤਾਭ ਬੱਚਨ, ਪ੍ਰੇਮ ਚੋਪੜਾ, ਸਲੀਮ ਖਾਨ ਅਤੇ ਰਜ਼ਾ ਮੁਰਾਦ ਸਮੇਤ ਭਾਰਤੀ ਫਿਲਮ ਇੰਡਸਟਰੀ ਦੇ ਉਘੇ ਅਦਾਕਾਰ ਅਤੇ ਸ਼ਖਸੀਅਤਾਂ ਵਿਛੜੀ ਆਤਮਾ ਨੂੰ ਅੰਤਿਮ ਸ਼ਰਧਾਂਜਲੀ ਦੇਣ ਲਈ ਮੌਜੂਦ ਸਨ।

**ਪੇਸ਼ ਏ ਇੱਕ ਰਿਪੋਰਟ :**

---------------------------------------------------------

IPL TWENTY – TWENTY ਕ੍ਰਿਕੇਟ ਵਿੱਚ, ਅੱਜ, ਚੇਨਈ ਸੁਪਰ ਕਿੰਗਜ਼ ਅਤੇ ਦਿੱਲੀ ਕੈਪੀਟਲਜ਼ ਦਰਮਿਆਨ ਚੇਨਈ ਵਿੱਚ ਖੇਡੇ ਜਾ ਰਹੇ

ਮੈਚ ਵਿਚ ਦਿੱਲੀ ਕੈਪੀਟਲਜ਼ ਨੇ ਚੇਂਨਈ ਸੁਪਰ ਕਿੰਗਜ਼ ਸਾਹਮਣੇ ਜਿੱਤ ਲਈ 184 ਦੌੜਾਂ ਦਾ ਟੀਚਾ ਰਖਿਆ ਏ. ਪਹਿਲਾਂ ਬੱਲੇਬਾਜ਼ੀ ਕਰਦਿਆਂ ਦਿੱਲੀ ਕੈਪੀਟਲਜ਼ ਨੇ ਤੈਅ 20 ਓਵਰਾਂ ਵਿਚ 6 ਵਿਕਟਾਂ ਦੇ ਨੁਕਸਾਨ ‘ਤੇ 183 ਦੌੜਾਂ ਬਣਾਈਆਂ। ਸ਼ਾਮ ਸਾਢੇ 7 ਵਜੇ ਖੇਡੇ ਜਾਣ ਵਾਲੇ ਦਿਨ ਦੇ ਦੂਜੇ ਮੈਚ ਵਿਚ  ਰਾਜਸਥਾਨ ਰਾਇਲਜ਼ ਦਾ ਸਾਹਮਣਾ ਚੰਡੀਗੜ੍ਹ ਵਿੱਚ ਮਹਾਰਾਜਾ ਯਾਦਵਿੰਦਰ ਸਿੰਘ ਅੰਤਰ ਰਾਸ਼ਟਰੀ ਸਟੇਡੀਅਮ ਵਿਚ ਪੰਜਾਬ ਕਿੰਗਜ਼ ਨਾਲ ਹੋਵੇਗਾ।

------------------------------------------------

- ਭਾਰਤ ਅਤੇ ਸ੍ਰੀਲੰਕਾ ਨੇ ਰਣਨੀਤਕ ਅਤੇ ਵਿਕਾਸਸ਼ੀਲ ਭਾਈਵਾਲੀ ਨੂੰ ਉਤਸ਼ਾਹਿਤ  ਕਰਨ ਲਈ ਰੱਖਿਆ,ਊਰਜਾ ਅਤੇ ਵਪਾਰ ਖੇਤਰਾਂ ਵਿੱਚ ਸਮਝੌਤਿਆਂ 'ਤੇ ਕੀਤੇ ਦਸਤਖਤ।
- ਸ੍ਰੀਲੰਕਾ ਦੇ ਰਾਸ਼ਟਰਪਤੀ ਦੁਆਰਾ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਾ 'ਮਿਤਰ - ਵਿਭੂਸ਼ਣ ਪੁਰਸਕਾਰ' ਨਾਲ ਸਨਮਾਨ।
- ਪੰਜਾਬ ਸਰਕਾਰ ਸੂਬਾ ਵਾਸੀਆਂ ਨੂੰ ਆਨਲਾਈਨ ਸੇਵਾਵਾਂ ਦੇਣ ਲਈ ਵਚਨਵੱਧ।

- ਯੂ ਜੀ ਸੀ ਵਲੋਂ ਵਿਦੇਸ਼ਾਂ ਤੋਂ ਪੜ੍ਹਾਈ ਕਰਕੇ ਆਏ ਵਿਦਿਅਰਥੀਆਂ ਲਈ ਇੱਕ ਵਿਸ਼ੇਸ਼ ਮਾਨਤਾ  ਵਿਧੀ ਕੀਤੀ  ਵਿਕਸਤ ।
- ਉਘੇ ਫਿਲਮ ਅਦਾਕਾਰ ਅਤੇ ਨਿਰਦੇਸ਼ਕ ਮਨੋਜ ਕੁਮਾਰ ਦਾ ਅੱਜ ਮੁੰਬਈ ਵਿਚ ਸਰਕਾਰੀ ਸਨਮਾਨਾਂ ਨਾਲ ਹੋਇਆ ਅੰਤਿਮ ਸੰਸਕਾ।